# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :20-08-2025**

ਰਾਸ਼ਟਰੀ ਲੋਕਤੰਤਰੀ ਗਠਜੋੜ , ਐਨਡੀਏ ਦੇ ਉਪ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਸੰਸਦ ਭਵਨ ਵਿਖੇ ਆਪਣਾ ਨਾਮਜ਼ਦਗੀ ਪੱਤਰ ਦਾਖਲ ਕੀਤਾ। ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ, ਜੇਪੀ ਨੱਡਾ, ਕਿਰੇਨ ਰਿਜੀਜੂ ਅਤੇ ਐਨਡੀਏ ਸਹਿਯੋਗੀ ਪਾਰਟੀਆਂ ਦੇ ਆਗੂ ਜਿਨ੍ਹਾਂ ਵਿੱਚ ਐਲ.ਜੇ.ਪੀ. (ਆਰ) ਦੇ ਚਿਰਾਗ ਪਾਸਵਾਨ, ਜੇ.ਡੀ. (ਯੂ) ਦੇ ਰਾਜੀਵ ਰੰਜਨ ਸਿੰਘ, ਐਨ.ਸੀ.ਪੀ. ਦੇ ਪ੍ਰਫੁੱਲ ਪਟੇਲ ਆਦਿ ਸ਼ਾਮਲ ਸਨ, ਵੀ ਮੌਜੂਦ ਰਹੇ। ਉਪ-ਰਾਸ਼ਟਰਪਤੀ ਦੀ ਚੋਣ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਤੋਂ ਪਹਿਲਾਂ, ਸ਼੍ਰੀ ਰਾਧਾਕ੍ਰਿਸ਼ਨਨ ਨੇ ਸੰਸਦ ਭਵਨ ਕੰਪਲੈਕਸ ਵਿੱਚ ਪ੍ਰੇਰਣਾ ਸਥਲ 'ਤੇ ਭਾਰਤ ਦੇ ਉੱਘੇ ਨੇਤਾਵਾਂ ਅਤੇ ਆਜ਼ਾਦੀ ਘੁਲਾਟੀਆਂ ਦੇ ਬੁੱਤਾਂ ’ਤੇ ਫੁੱਲ ਭੇਟ ਕੀਤੇ। ਉਨ੍ਹਾਂ ਨੇ ਪਹਿਲਾਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਬੁੱਤ ਅੱਗੇ ਅਤੇ ਫਿਰ ਹੋਰ ਪ੍ਰਸਿੱਧ ਸ਼ਖਸੀਅਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਪ-ਰਾਸ਼ਟਰਪਤੀ ਚੋਣ ਅਗਲੇ ਮਹੀਨੇ ਦੀ 9 ਤਰੀਕ ਨੂੰ ਹੋਵੇਗੀ।

------------------------------------------------------------------------

ਦਿੱਲੀ ਪੁਲਿਸ ਨੇ ਮੁੱਖ ਮੰਤਰੀ ਸ਼੍ਰੀਮਤੀ ਰੇਖਾ ਗੁਪਤਾ 'ਤੇ ਉਨ੍ਹਾਂ ਦੇ ਘਰ 'ਚ ਹਮਲਾ ਕਰਨ ਵਾਲੇ ਦੋਸ਼ੀ ਨੂੰ ਹਿਰਾਸਤ ਵਿੱਚ ਲੈ ਲਿਆ ਏ। ਭਾਰਤੀ ਜਨਤਾ ਪਾਰਟੀ ਨੇ ਇਸ ਹਮਲੇ ਦੀ ਨਿਖੇਧੀ ਕੀਤੀ ਏ। ਦਿੱਲੀ ਬੀਜੇਪੀ ਪ੍ਰਧਾਨ ਵੀਰੇਂਦਰ ਸਚਦੇਵਾ ਨੇ ਕਿਹੈ ਕਿ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਏ। ਉਨ੍ਹਾਂ ਕਿਹਾ ਕਿ ਇਸ ਸਮੇਂ ਸ਼੍ਰੀਮਤੀ ਗੁਪਤਾ ਦੀ ਹਾਲਤ ਸਥਿਰ ਏ। ਦਿੱਲੀ ਦੇ ਕੈਬਨਿਟ ਮੰਤਰੀ ਪਰਵੇਸ਼ ਸਾਹਿਬ ਸਿੰਘ ਨੇ ਵੀ ਮੁੱਖ ਮੰਤਰੀ 'ਤੇ ਹਮਲੇ ਦੀ ਨਿਖੇਧੀ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸਿੰਘ ਨੇ ਕਿਹੈ ਕਿ ਇਹ ਲੋਕਤੰਤਰੀ ਕਦਰਾਂ-ਕੀਮਤਾਂ 'ਤੇ ਸਿੱਧਾ ਹਮਲਾ ਏ। ਉਨ੍ਹਾਂ ਕਿਹਾ ਕਿ ਲੋਕਤੰਤਰੀ ਪ੍ਰਕਿਰਿਆ ਵਿੱਚ ਰੁਕਾਵਟ ਪਾਉਣ ਦੀਆਂ ਕੋਸ਼ਿਸ਼ਾਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਮ ਆਦਮੀ ਪਾਰਟੀ ਦੇ ਨੇਤਾ ਅਤੇ ਦਿੱਲੀ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੀ ਨੇਤਾ ਆਤਿਸ਼ੀ ਨੇ ਵੀ ਇਸ ਹਮਲੇ ਦੀ ਨਿਖੇਧੀ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਮਤਭੇਦਾਂ ਅਤੇ ਵਿਰੋਧ ਪ੍ਰਦਰਸ਼ਨਾਂ ਲਈ ਥਾਂ ਹੁੰਦੀ ਏ ਪਰ ਹਿੰਸਾ ਲਈ ਕੋਈ ਜਗ੍ਹਾ ਨਹੀਂ ਹੁੰਦੀ।

---

ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਮੀਂਹ ਪੈਣ ਨਾਲ ਪੰਜਾਬ ਵਿੱਚ ਰਾਵੀ, ਬਿਆਸ ਅਤੇ ਸਤਲੁਜ ਦਰਿਆਵਾਂ ਵਿੱਚ ਵਧ ਰਹੇ ਪਾਣੀ ਦੇ ਪੱਧਰ ਕਾਰਨ ਕੁਝ ਜ਼ਿਲ੍ਹੇ ਪ੍ਰਭਾਵਤ ਹੋਏ ਨੇ। ਰੋਪੜ ਦੇ ਡਿਪਟੀ ਕਮਿਸ਼ਨਰ ਵਰਜੀਤ ਸਿੰਘ ਵਾਲੀਆ ਮੁਤਾਬਕ ਭਾਖੜਾ ਡੈਮ ਵਿੱਚ ਲਗਾਤਾਰ ਵਧ ਰਹੇ ਪਾਣੀ ਦੇ ਪੱਧਰ ਕਰਕੇ BBMB ਪ੍ਰਸ਼ਾਸਨ ਵੱਲੋਂ ਕੱਲ੍ਹ ਸ਼ਾਮ ਤੋਂ ਪਾਣੀ ਛੱਡਣਾ ਸ਼ੁਰੂ ਕਰ ਦਿੱਤਾ ਗਿਆ ਏ ਤਾਂ ਕਿ ਡੈਮ ਨੂੰ ਨੁਕਸਾਨ ਨਾ ਹੋਵੇ। ਹਾਲਾਂਕਿ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਤੋਂ ਹੇਠਾਂ ਏ। ਪੌਂਗ ਡੈਮ ਵਿੱਚੋਂ ਵੀ ਸ਼ਾਹ ਨਹਿਰ ਬੈਰਾਜ ਹੈੱਡ ਵਰਕਸ ਵਿੱਚ ਪਾਣੀ ਛੱਡੇ ਜਾਣ ਦੀ ਸੂਚਨਾ ਏ । ਪਟਿਆਲਾ ਦੇ ਡਿਪਟੀ ਕਮਿਸ਼ਨਰ ਪ੍ਰੀਤੀ ਯਾਦਵ ਨੇ ਦੱਸਿਆ ਕਿ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ ਫਿਲਹਾਲ ਸਥਿਰ ਏ ਅਤੇ ਉਸ ਦੇ ਵਧਣ ਦੀ ਫਿਲਹਾਲ ਕੋਈ ਸੰਭਾਵਨਾ ਨਹੀਂ। ਉਹਨਾਂ ਕਿਹਾ ਕਿ ਪ੍ਰਸ਼ਾਸਨਕ ਟੀਮਾਂ ਚੌਕਸੀ ਰੱਖ ਰਹੀਆਂ ਨੇ, ਘਬਰਾਉਣ ਦੀ ਲੋੜ ਨਹੀਂ ਏ । ਫਾਜਿਲਕਾ ਵਿੱਚ ਸਤਲੁਜ ਦਰਿਆ ਦੇ ਪਾਣੀ ਦਾ ਪੱਧਰ ਘੱਟ ਹੋਇਆ ਏ। ਗੁਰਦਾਸਪੁਰ ਵਿੱਚ ਹੜ੍ਹਾਂ ਦਾ ਫਿਲਹਾਲ ਕੋਈ ਖਤਰਾ ਨਹੀਂ ਏ। ਮੌਸਮ ਵਿਭਾਗ ਮੁਤਾਬਕ ਪੰਜਾਬ ਵਿੱਚ ਬਹੁਤੀਆਂ ਥਾਵਾਂ ’ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਜਾਰੀ ਰਹਿਣ ਦੀ ਸੰਭਾਵਨਾ ਏ।

---

ਪੰਜਾਬ ਦੇ ਭੋਜਨ ਨੂੰ ਵਿਸ਼ਵ ਪੱਧਰ 'ਤੇ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਸਰਕਾਰੀ ਮਾਲਕੀ ਵਾਲੇ ਬ੍ਰਾਂਡ 'ਪੰਜਾਬ ਮਾਰਟ' ਦੇ ਵਿਕਾਸ ਦੀ ਵਕਾਲਤ ਕੀਤੀ ਏ। ਇਸ ਸਬੰਧੀ ਪ੍ਰਸਤਾਵ ਪੰਜਾਬ ਸਰਕਾਰ ਨੂੰ ਸੌਂਪਿਆ ਜਾ ਚੁੱਕਿਆ ਏ। ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਕਮਿਸ਼ਨ ਦੀਆਂ ਪਹਿਲਕਦਮੀਆਂ ਬਾਰੇ ਜਾਣੂੰ ਕਰਵਾਉਂਦੇ ਹੋਏ, ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਦੱਸਿਆ ਕਿ ਇਹ ਪਹਿਲਕਦਮੀ ਪੰਜਾਬ ਦੇ ਭੋਜਨ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਉਤਸ਼ਾਹਿਤ ਕਰਨ ਵਿੱਚ ਬਹੁਤ ਮਦਦ ਕਰੇਗੀ। ਸਹਿਕਾਰੀ ਖੇਤਰ ਦੀ ਮਜ਼ਬੂਤੀ ਰਾਹੀਂ ਰਾਜ ਵਿੱਚ ਪੇਂਡੂ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਯਕੀਨੀ ਬਣਾਉਣ ਦੀ ਮਹੱਤਤਾ ਨੂੰ ਵੀ ਮੰਤਰੀ ਕਟਾਰੂਚੱਕ ਦੇ ਧਿਆਨ ਵਿੱਚ ਲਿਆਂਦਾ ਗਿਆ । ਮੰਤਰੀ ਨੇ ਇਸ ਸਬੰਧ ਵਿੱਚ ਕਮਿਸ਼ਨ ਨੂੰ ਹੋਰਨਾਂ ਸੂਬਿਆਂ ਵੱਲੋਂ ਅਪਣਾਏ ਗਏ ਵਧੀਆ ਤੇ ਕਾਰਗਰ ਅਭਿਆਸਾਂ ਤੋਂ ਸਿੱਖਣ ਲਈ ਕਿਹਾ ਏ।

---

ਪੰਜਾਬ ਵਿੱਚ ਸਨਅਤ ਨੂੰ ਵੱਡਾ ਹੁਲਾਰਾ ਦੇਣ ਲਈ ਸਨਅਤ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਮਾਝੇ ਦੇ  ਸਨਤਕਾਰਾਂ, ਜਿਸ ਵਿੱਚ ਅੰਮ੍ਰਿਤਸਰ ਤੋਂ ਇਲਾਵਾ ਗੁਰਦਾਸਪੁਰ, ਤਰਨਤਾਰਨ ਬਟਾਲਾ ਅਤੇ ਪਠਾਨਕੋਟ ਦੇ ਸਨਅਤਕਾਰ ਸ਼ਾਮਿਲ ਸਨ, ਤੋਂ ਉਦਯੋਗਿਕ ਨੀਤੀ ਲਈ ਸੁਝਾਅ ਲੈਣ ਤੇ ਉਹਨਾਂ ਦੀਆਂ ਮੁਸ਼ਕਲਾਂ ਹੱਲ ਕਰਨ ਲਈ ਅੰਮ੍ਰਿਤਸਰ ਤੋਂ ਰਾਈਜਿੰਗ ਪੰਜਾਬ  -ਸੁਝਾਅ ਤੋਂ ਹੱਲ ਤੱਕ ਦੀ ਸ਼ੁਰੂਆਤ ਕੀਤੀ।

ਇਸ ਮੌਕੇ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਨਵੀਆਂ ਉਦਯੋਗ-ਅਨੁਕੂਲ ਨੀਤੀਆਂ ਬਾਰੇ ਜਾਗਰੂਕਤਾ ਫੈਲਾਉਣਾ, ਨਵੇਂ ਨਿਵੇਸ਼ ਲਈ ਮਾਹੌਲ ਬਣਾਉਣਾ ਅਤੇ ਸਰਕਾਰ-ਉਦਯੋਗ ਜਗਤ ਵਿਚਕਾਰ ਸਿੱਧਾ ਸੰਵਾਦ ਕਾਇਮ ਕਰਨਾ ਏ ।

---------------------------------------------------------------------

ਗੁਰਦਾਸਪੁਰ ਵਿਖੇ ਕਲਾਨੌਰ ਦੇ ਪਿੰਡ ਮੀਰ ਖਜ਼ਾਨਾ ਵਿੱਚ ਪੁਲਿਸ ਨੇ ਅੱਜ ਸਵੇਰੇ ਤੜਕਸਾਰ ਇਕ ਐਨਕਾਂਊਂਟਰ ਮਗਰੋਂ ਰਵੀ ਮਸੀਹ ਨਾਂ ਦੇ ਗੈਂਗਸਟਰ ਨੂੰ ਕਾਬੂ ਕੀਤਾ ਏ। ਗੁਰਦਾਸਪੁਰ ਦੇ ਐਸਐਸਪੀ ਆਦਿਤਿਆ ਨੇ ਦੱਸਿਆ ਕਿ ਇਹ ਗੈਂਗਸਟਰ ਕਸਬਾ ਅਟਾਰੀ ਪਿੰਡ ਘੁੰਮਣ ਕਲਾਂ ਦਾ ਰਹਿਣ ਵਾਲਾ ਏ। ਉਹ ਫਾਇਰਿੰਗ ਕਰ ਕੇ ਲੋਕਾਂ ਨੂੰ ਡਰਾਊਂਦਾ ਸੀ ਤੇ ਫਿਰੌਤੀ ਦੀ ਮੰਗ ਕਰਦਾ ਸੀ। ਪੁਲਿਸ ਨੇ ਦਾਅਵਾ ਕੀਤਾ ਏ ਕਿ ਕਲਾਨੌਰ

ਵਿਚ ਵੀ ਇਸ ਵੱਲੋਂ ਬੀਤੇ ਦਿਨੀਂ ਇੱਕ ਦੁਕਾਨ ’ਤੇ ਫਾਇਰਿੰਗ ਕੀਤੀ ਗਈ ਸੀ। ਗੈਂਗਸਟਰ ਦੇ ਇੱਕ ਸਾਥੀ ਯੁੱਧਵੀਰ ਯੋਧਾ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਏ।